# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-05-2024**

ਪੰਜਾਬ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ਵਿੱਚ ਇਸ ਸਮੇਂ ਚੋਣ ਪ੍ਰਚਾਰ ਮੱਠੀ ਰਫ਼ਤਾਰ ਨਾਲ ਚੱਲ ਰਿਹਾ ਏ। ਸੂਬੇ ਵਿੱਚ ਸੱਤਵੇਂ ਅਤੇ ਆਖਰੀ ਗੇੜ ਵਿੱਚ ਪਹਿਲੀ ਜੂਨ ਨੂੰ ਵੋਟਿੰਗ ਹੋਣੀ ਏ। ਲਗਾਤਾਰ ਵੱਧ ਰਹੇ ਤਾਪਮਾਨ ਨੇ ਉਮੀਦਵਾਰਾਂ ਨੂੰ ਪ੍ਰੇਸ਼ਾਨ ਕਰ ਦਿੱਤਾ ਏ।

---------------------------------------------------------------

ਪੰਜਾਬ ਵਿੱਚ ਮੌਸਮ ਵਿਭਾਗ ਨੇ ਆਉਂਦੇ 4 ਤੋਂ 5 ਦਿਨ ਲਈ ਲੂ ਸੰਬੰਧੀ ਯੈਲੋ, ਓਰੇਂਜ ਤੇ ਰੇਡ ਅਲਰਟ ਜਾਰੀ ਕੀਤਾ ਏ। ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ ਇਸ ਵੇਲੇ 42 ਡਿਗਰੀ ਸੈਲਸੀਅਸ ਤੋਂ ਵੱਧ ਚਲ ਰਿਹਾ ਏ। ਜਿਸ ਨਾਲ ਸਮੁਚਾ ਪੰਜਾਬ ਜਬਰਦਸਤ ਲੂ ਦੀ ਲਪੇਟ ਵਿਚ ਆ ਕੇ ਭੱਠੀ ਵਾਂਗ ਤਪ ਰਿਹਾ ਏ। ਮੌਸਮ ਵਿਭਾਗ ਨੇ 22 ਮਈ ਤਕ, ਸਮੁਚੇ ਪੰਜਾਬ ਲਈ ਲੂ ਬਾਰੇ ਓਰੇਂਜ ਤੇ ਯੈਲੋ ਅਲਰਟ

ਜਾਰੀ ਕੀਤਾ ਏ ਜਦਕਿ 20 ਮਈ ਤਕ ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਬਠਿੰਡਾ ਅਤੇ ਮਾਨਸਾ ਜ਼ਿਲਿਆਂ ਲਈ ਲੂ ਦਾ ਰੇਡ ਅਲਰਟ ਏ । ਇਸ ਦੌਰਾਨ ਇਨਾਂ ਜ਼ਿਲ੍ਹਿਆਂ ਦੇ ਲੋਕਾਂ ਨੂੰ ਜ਼ਿਆਦਾ ਤੋਂ ਬਹੁਤ ਜ਼ਿਆਦਾ ਯਾਨੀ ਅਤ ਦੀ ਗਰਮੀ ਤੇ ਗਰਮ ਹਵਾਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਏ । ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚ ਕੇ ਛਾਂ ਵਿੱਚ ਰਹਿਣ, ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ, ਕਿਸੇ ਜਰੂਰੀ ਹਾਲਾਤ ਵਿਚ ਬਾਹਰ ਜਾਣ ਸਮੇਂ ਸਿਰ ਨੂੰ ਟੌਪੀ ਜਾਂ ਕੱਪੜੇ ਨਾਲ ਢੱਕਣ ਅਤੇ ਜਰੂਰੀ ਮਿਕਦਾਰ ਵਿਚ ਪਾਣੀ ਲਗਾਤਾਰ ਪੀਂਦੇ ਰਹਿਣ ਦੀ ਸਲਾਹ ਦਿੱਤੀ ਏ । ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ, ਇਸ ਲਈ ਇਨਾਂ ਦਾ ਖਾਸ ਧਿਆਨ ਰੱਖਣ ਲਈ ਆਖਿਆ ਗਿਆ ਏ ।

---------------------------------------------------------------

ਇਸ ਦੌਰਾਨ ਪੰਜਾਬ ਵਿਚ ਪੈ ਰਹੀ ਭਾਰੀ ਗਰਮੀ ਨੂੰ ਮੁੱਖ ਰੱਖਦਿਆਂ ਸਰਕਾਰ ਨੇ, ਸੂਬੇ ਦੇ ਸਾਰੇ ਸਕੂਲਾਂ ਦਾ ਸਮਾਂ ਬਦਲ ਦਿੱਤਾ ਏ । ਅਧਿਆਪਕ ਜਥੇਬੰਦੀਆਂ ਅਤੇ ਮਾਪਿਆਂ ਵਲੋਂ ਕਈ ਦਿਨਾਂ ਤੋਂ ਇਸ ਬਾਰੇ

ਮੰਗ ਕੀਤੀ ਜਾ ਰਹੀ ਸੀ। ਸਕੂਲ ਸਿਖਿਆ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਕੱਲ੍ਹ ਦੇਰ ਸ਼ਾਮ ਜਾਰੀ ਇੱਕ ਪੱਤਰ ਵਿੱਚ ਕਿਹਾ ਕਿ 20 ਤੋਂ 31 ਮਈ ਤੱਕ ਸੂਬੇ ਦੇ ਸਾਰੇ ਸਰਕਾਰੀ, ਅਰਧ ਸਰਕਾਰੀ, ਮਾਨਤਾ ਪ੍ਰਾਪਤ ਤੇ ਪ੍ਰਾਈਵੇਟ ਸਕੂਲਾਂ ਦਾ ਸਮਾਂ ਬਦਲ ਕੇ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਕਰ ਦਿੱਤਾ ਗਿਆ ਏ।

-----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅਜਨਾਲਾ ਵਿੱਚ ਕਾਂਗਰਸ ਦੀ ਚੋਣ ਰੈਲੀ ਦੌਰਾਨ ਚੱਲੀ ਗੋਲੀ ਬਾਰੇ DGP ਤੋਂ ਰਿਪੋਰਟ ਮੰਗੀ ਏ। ਅੰਮ੍ਰਿਤਸਰ ਤੋਂ ਕਾਂਗਰਸੀ ਉਮੀਦਵਾਰ ਗੁਰਜੀਤ ਸਿੰਘ ਔਜਲਾ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ, ਮੁੱਖ ਚੋਣ ਅਧਿਕਾਰੀ ਨੇ ਇਸ ਬਾਬਤ DGP ਨੂੰ ਪੱਤਰ ਲਿਖ ਕੇ ਤੱਥ ਆਧਾਰਿਤ ਰਿਪੋਰਟ ਜਲਦ ਪੇਸ਼ ਕਰਨ ਲਈ ਕਿਹਾ ਏ ਤਾਂ ਜੋ ਅੱਗੋਂ ਭਾਰਤੀ ਚੋਣ ਕਮਿਸ਼ਨ ਨੂੰ ਇਸਦੀ ਜਾਣਕਾਰੀ ਦਿੱਤੀ ਜਾ ਸਕੇ। ਇਕ ਵੱਖਰੇ ਪੱਤਰ ਵਿੱਚ ਮੁੱਖ ਚੋਣ ਅਧਿਕਾਰੀ ਨੇ ਅੰਮ੍ਰਿਤਸਰ ਦੇ ਜ਼ਿਲ੍ਹਾ ਚੋਣ ਅਧਿਕਾਰੀ ਡਿਪਟੀ

ਕਮਿਸ਼ਨਰ ਨੂੰ ਤੁਰੰਤ ਇਸ ਮਾਮਲੇ ਉੱਤੇ ਧਿਆਨ ਕੇਂਦਰਿਤ ਕਰਕੇ, ਕਾਰਵਾਈ ਰਿਪੋਰਟ ਦੀ ਵੀ ਮੰਗ ਕੀਤੀ ਏ।

---------------------------------------------------

ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ, ਪਿਛਲੇ ਸਮੇਂ ਤੋਂ 17 ਜੁਲਾਈ 2020 ਦਾ ਨੋਟੀਫਿਕੇਸ਼ਨ ਰੱਦ ਕਰਕੇ, ਸਮੂਹ ਮੁਲਾਜ਼ਮਾਂ ਤੇ ਪੰਜਾਬ ਦਾ ਪੇਅ ਸਕੇਲ ਬਹਾਲ ਕਰਵਾਉਣ ਸੰਬੰਧੀ ਸੰਘਰਸ਼ ਕਰ ਰਿਹਾ ਏ। ਸਰਕਾਰ ਦੇ ਲਾਰਿਆਂ ਤੋਂ ਅੱਕ ਕੇ ਪਿਛਲੇ ਦਿਨੀਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਹਲਕੇ ਦਿੜਬਾ ਤੋਂ ਸਾਂਝੇ ਫਰੰਟ ਵੱਲੋਂ, 'ਪੰਜਾਬ ਪੇਅ ਸਕੇਲ ਨਹੀ ਤਾਂ ਵੋਟ ਨਹੀਂ' ਮੁਹਿੰਮ ਦਾ ਆਗਾਜ਼ ਕੀਤਾ ਗਿਆ ਸੀ। ਇਸ ਤਹਿਤ 17 ਜੁਲਾਈ 2020 ਤੋਂ ਬਾਅਦ ਅਧੂਰੇ ਕੇਂਦਰੀ ਪੇਅ ਸਕੇਲਾਂ ਤੇ ਭਰਤੀ ਪੰਜਾਬ ਦੇ ਸਾਰੇ ਮੁਲਾਜ਼ਮ ਆਪਣੇ ਘਰਾਂ ਦੇ ਬਾਹਰ "ਪੰਜਾਬ ਪੇਅ ਸਕੇਲ ਨਹੀਂ ਤਾਂ ਵੋਟ ਨਹੀਂ" ਦਾ ਪੋਸਟਰ ਲਗਾ ਕੇ ਰੱਖਣਗੇ ਅਤੇ ਵੋਟਾਂ ਮੰਗਣ ਆਏ ਨੇਤਾਵਾਂ ਨੂੰ ਇਸ ਸੰਬੰਧੀ ਸਵਾਲ ਕਰਨਗੇ। ਖ਼ਬਰ ਏਜੇਂਸੀ ਹਿੰਦੁਸਥਾਨ ਸਮਾਚਾਰ ਅਨੁਸਾਰ ਇਸ ਮੁਹਿੰਮ ਨੂੰ ਪੂਰੇ ਪੰਜਾਬ ਵਿੱਚ ਭਰਵਾਂ ਹੁੰਗਾਰਾ ਮਿਲਿਆ ਏ। ਸੂਬੇ ਦੇ ਸਾਰੇ ਹੀ

ਲੋਕ ਸਭਾ ਹਲਕਿਆਂ ਵਿੱਚ ਮੁਲਾਜ਼ਮ ਇਸ ਮੁਹਿੰਮ ਤਹਿਤ ਪੋਸਟਰ ਲਗਾ ਰਹੇ ਨੇ ਤੇ ਵੋਟਾਂ ਮੰਗਣ ਆਏ ਨੇਤਾਵਾਂ ਨੂੰ ਸਵਾਲ ਕਰ ਰਹੇ ਨੇ।

--------------------------------------------------

ਅੰਮ੍ਰਿਤਸਰ ਜ਼ਿਲੇ ਵਿੱਚ ਅਜਨਾਲਾ ਦੇ ਪਿੰਡ ਦਿਆਲਪੁਰਾ ਨੇੜੇ ਖੇਤ 'ਚ ਨਾੜ ਨੂੰ ਲਾਈ ਅੱਗ ਨਾਲ ਝੁਲਸਣ ਕਰਕੇ, ਕੱਲ ਇੱਕ ਕਿਸਾਨ ਦੀ ਮੌਤ ਹੋ ਗਈ। ਅੰਮ੍ਰਿਤਸਰ ਤੋਂ ਸਾਡੇ ਪਤਰਕਾਰ ਨੇ ਦੱਸਿਆ ਕਿ ਪਿੰਡ ਦਿਆਲਪੁਰਾ ਵਿਖੇ ਨਾੜ ਨੂੰ ਅੱਗ ਲੱਗੀ ਹੋਈ ਸੀ ਦੇਖਦੇ ਹੀ ਦੇਖਦੇ ਨਾੜ ਨੂੰ ਲਾਈ ਅੱਗ ਕਈ ਕਿਸਾਨਾਂ ਦੇ ਖੇਤਾਂ ਤੱਕ ਪਹੁੰਚ ਗਈ, ਜਿੱਥੇ ਇਸ ਕਿਸਾਨ ਵੱਲੋਂ ਅੱਗ ਨੂੰ ਬੁਝਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਅੱਗ ਦੀ ਲਪੇਟ ਵਿੱਚ ਆਉਣ ਕਰਕੇ ਉਸਦੀ ਮੌਤ ਹੋ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

--------------------------------------------------

ਲੋਕ ਸਭਾ ਚੋਣਾਂ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਲਈ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸ਼ੁਭੀ ਆਂਗਰਾ ਦੀ ਅਗਵਾਈ ਵਿੱਚ ਮੋਗਾ ਦੇ

ਨੈਸਲੇ ਇੰਡੀਆ ਅਤੇ ਫੌਜੀਆਂ ਦੀ ਕੰਟੀਨ ਵਿੱਚ ਆਉਣ ਵਾਲੇ ਲੋਕਾਂ ਵਾਸਤੇ ਵੋਟਰ ਜਾਗਰੂਕਤਾ ਕੈਂਪ ਲਗਾਏ ਗਏ। ਅਫ਼ਸਰ ਸ਼ੁਭੀ ਆਂਗਰਾ ਨੇ ਦੱਸਿਆ ਕਿ ਵੋਟਾਂ ਵਾਲੇ ਦਿਨ ਬੂਥਾਂ ਤੇ ਹਰੇਕ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਇਸ ਲਈ ਉਹ ਸਾਰੇ ਪਰਿਵਾਰ ਸਮੇਤ ਆਪਣੀ ਵੋਟ ਦਾ ਇਸਤੇਮਾਲ ਕਰਨ। ਉਹਨਾਂ ਕਿਹਾ ਕਿ ਬੂਥਾਂ ਤੇ ਸ਼ਾਮਿਆਨੇ ਦਾ ਪ੍ਰਬੰਧ, ਬਜ਼ੁਰਗਾਂ ਤੇ ਦਿਵਿਆਂਗਜਨਾਂ ਨੂੰ ਘਰੋਂ ਲਿਜਾਣ ਤੇ ਛੱਡਣ ਦੇ ਪ੍ਰਬੰਧ ਅਤੇ ਬੂਥ ਤੇ ਗਰਮੀ ਤੋਂ ਬਚਾਅ ਵਾਸਤੇ ਪੱਖੇ ਕੂਲਰ ਤੋਂ ਇਲਾਵਾ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ। ਆਮ ਲੋਕਾਂ ਵੱਲੋਂ ਵੋਟਾਂ ਸੰਬੰਧੀ ਪੁੱਛੇ ਸਵਾਲਾਂ ਦੇ ਜਵਾਬ ਦਿੱਤੇ ਗਏ ਅਤੇ ਈ.ਵੀ.ਐਮ ਅਤੇ ਵੀ.ਵੀ ਪੈਟ ਮਸ਼ੀਨ ਸੰਬੰਧੀ ਲੋਕਾਂ ਦੇ ਭਰਮ ਵੀ ਦੂਰ ਕੀਤੇ ਗਏ।